Vigilance Bureau Punjab

**VIGILANCE NABS ASI FOR TAKING BRIBE**

Chandigarh, May 30: State Vigilance Bureau, today nabbed Assistant Sub Inspector (ASI) red handed while accepting bribe of Rs 12,000/-.

Disclosing this here an official spokesperson of the Vigilance Bureau said ASI Yograj Singh posted at police station Hariana, Hoshiarpur district was nabbed red handed on the complaint of Jaspal Singh an employee of travel agent of Jalandhar district. The Complainant has approached the VB and alleged that the accused ASI was demanding Rs 20,000 to help him in a dispute case against his owner Deepak Kumar a travel agent and the deal was struck at Rs. 12000/-.

After verifying his information, the Vigilance team laid a trap and the accused ASI was arrested on the spot taking bribe of Rs. 12,000 from the complainant in the presence of two official witnesses. He informed that a case under Prevention of Corruption Act has been registered against him at VB police station Jalandhar and further investigation was under progress.

---------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 30 ਮਈ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਥਾਣਾ ਹਰਿਆਣਾ, ਹੁਸ਼ਿਆਰਪੁਰ ਵਿਖੇ ਤਾਇਨਾਤ ਏ.ਐਸ.ਆਈ. ਯੋਗਰਾਜ ਸਿੰਘ ਨੂੰ 12,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਜਸਪਾਲ ਸਿੰਘ ਵਾਸੀ ਜਲੰਧਰ ਸ਼ਹਿਰ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਏ.ਐਸ.ਆਈ ਵਲੋਂ ਉਸ ਦੇ ਮਾਲਕ ਦੀਪਕ ਕੁਮਾਰ ਜੋ ਕਿ ਟਰੈਵਲ ਏਜੰਟ ਦਾ ਕੰਮ ਕਰਦਾ ਹਨ ਦੇ ਝਗੜੇ ਦਾ ਦੂਜੀ ਪਾਰਟੀ ਨਾਲ ਰਾਜੀਨਾਮਾ ਕਰਾਉਣ ਬਦਲੇ 20,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 12000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 12,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਜਲੰਧਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।